## ਤਿੰਨ ਮਹੀਨੇ ਦਾ ਮੁਫਤ ਸਿਲਾਈ ਕਢਾਈ ਅਤੇ ਕੁਕਿੰਗ ਸਰਟੀਫਿਕੇਟ ਕੋਰਸ

ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਸ੍ਰ. ਰਾਜਿੰਦਰ ਮੋਹਨ ਸਿੰਘ ਛੀਨਾ, ਆਨਰੇਰੀ ਸਕੱਤਰ ਜੀ ਦੀ ਰਹਿਨਮਾਈ ਹੇਠ ਪ੍ਰਿੰਸੀਪਲ ਡਾ.ਮਹਿਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਨਾਲ ਚਲ ਰਹੇ ਲਾਈਫ ਲੌਂਗ ਲਰਨਿੰਗ ਪ੍ਰੋਗਰਾਮ ਤਹਿਤ ਸਿਲਾਈ ਸੈਂਟਰ ਵਿੱਚ ਮੁਫਤ ਸਿਲਾਈ ਕਢਾਈ, ਕੁਕਿੰਗ ਕੋਰਸ, ਆਚਾਰ, ਮੁਰੱਬੇ, ਸਰਫ, ਫਰਨਾਇਲ ਬਨਾਉਣ ਸੰਬੰਧੀ 25 ਅਕਤੂਬਰ 2018 ਤੋਂ ਕਲਾਸਾਂ ਸ਼ੁਰੂ ਹੋ ਰਹੀਆਂ ਹਨ। ਇਨਾਂ ਕੋਰਸਾਂ ਲਈ ਉਮਰ ਦੀ ਕੋਈ ਸੀਮਾ ਨਹੀਂ। ਕੋਈ ਵੀ ਲੜਕੀ, ਘਰੇਲੂ ਔਰਤ ਸੈਂਟਰ ਵਿੱਚ ਦਾਖਲਾ ਲੈ ਕੇ ਅੱਜ ਦੇ ਮਹਿੰਗਾਈ ਦੇ ਦੌਰ ਵਿੱਚੋਂ ਹੁਨਰਮੰਦ ਕਿੱਤਾ ਮੁੱਖੀ ਕੋਰਸ ਕਰਕੇ ਆਪਣੀ ਆਮਦਨ ਵਿੱਚ ਵਾਧਾ ਕਰਕੇ ਆਪਣੇ ਘਰ ਦਾ ਗੁਜ਼ਾਰਾ ਵਧੀਆ ਤਰੀਕੇ ਨਾਲ ਕਰ ਸਕਦੀ ਹੈ। ਬਾਰਡਰ ਏਰੀਆ ਦੀਆਂ ਲੜਕੀਆਂ ਅਤੇ ਔਰਤਾਂ ਨੂੰ ਪਹਿਲ ਦੇ ਆਧਾਰ ਤੇ ਸੀਟ ਮਿਲੇਗੀ। ਕੋਰਸ ਉਪਰੰਤ ਖ਼ਾਲਸਾ ਕਾਲਜ ਵਲੋਂ ਸਰਟੀਫਿਕੇਟ ਦਿੱਤਾ ਜਾਂਦਾ ਹੈ। ਇਸ ਸੰਬੰਧੀ ਆਪਣਾ ਨਾਮ ਦਾਖਲ (ਰਜਿਸਟਰ) ਕਰਵਾਉਣ ਲਈ ਕਾਲਜ ਦੇ ਲਾਇਬ੍ਰੇਰੀ ਸਟਾਫ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਕਾਲਜ ਵੱਲੋ ਇਹ ਪ੍ਰੋਗਰਾਮ ਸਮਾਜ ਸੇਵਾ ਦੇ ਨਜ਼ਰੀਏ ਤੋਂ ਸਕਿਲ ਡਿਵਲਮੈਂਟ ਪ੍ਰੋਗਰਾਮ ਤਹਿਤ ਕਰਵਾਇਆ ਜਾ ਰਿਹਾ ਹੈ।